ਅਜੀਤ

ਮੰਗਲਵਾਰ, 7 ਜੂਨ, 2016

# ਬੇਲਾ ਕਾਲਜ ਦੇ 'ਬਾਇਓਟੈਕਨਾਲੋਜੀ' ਦੇ 9 ਵਿਦਿਆਰਥੀ ਮੈਰਿਟ 'ਚ

ਬੇਲਾ, 6 ਜੂਨ (ਮਨਜੀਤ ਸਿੰਘ ਸੈਣੀ)- ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦੇ 9 ਵਿਦਿਆਰਥੀ ਵੱਖ-ਵੱਖ ਵਿਸ਼ਿਆਂ ਵਿਚ ਯੂਨੀਵਰਸਿਟੀ ਮੈਰਿਟ ਲਿਸਟ ਵਿਚ ਆਏ ਜਿਹਨਾਂ ਵਿਚ ਐਮ.ਐਸ.ਸੀ. ਬਾਇਓਟੈਕਨਾਲੋਜੀ ਸਮੈਸਟਰ-ਦੂਜਾ ਮੋਹਿਨੀ ਵਰਮਾ ਪਹਿਲਾ ਸਥਾਨ, ਮਨਦੀਪ ਕੌਰ ਦੂਜਾ ਸਥਾਨ, ਸਮੈਸਟਰ-ਚੌਥਾ ਮਨਪ੍ਰੀਤ ਕੌਰ ਪਹਿਲਾ ਸਥਾਨ, ਅਮਨਦੀਪ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ। ਐਮ.ਐਸ.ਸੀ. ਬਾਇਓਟੈਕਨਾਲੋਜੀ ਫਾਈਨਲ ਪਿਛਲੇ ਸਾਲ ਅਤੇ ਇਸ ਸਾਲ ਦੀਆਂ ਦੋਨੋਂ ਪੁਜੀਸ਼ਨਾਂ ਇਸ ਕਾਲਜ ਨੇ ਲਈਆਂ ਹਨ। ਇਸ ਤੋਂ ਇਲਾਵਾ ਬੀ.ਐਸ.ਸੀ ਬਾਇਓਟੈਕਨਾਲੋਜੀ ਦੂਜੇ ਸਾਲ ਦੀਆਂ ਵਿਦਿਆਰਥਣਾਂ ਨਿਧੀ ਧੀਮਾਨ ਅਤੇ ਮਨਜੀਤ ਕੌਰ ਨੇ ਦੂਜਾ ਅਤੇ ਪੰਜਵਾਂ ਸਥਾਨ ਹਾਸਲ ਕੀਤਾ। ਬੀ.ਕਾਮ ਪਹਿਲਾ ਸਾਲ ਵਿਚ ਅਵਨੀਤ ਕੌਰ ਅਤੇ ਮਨਿੰਦਰ ਕੌਰ ਨੇ ਨੌਂਵਾਂ ਸਥਾਨ ਹਾਸਲ ਕੀਤਾ। ਗੁਰਪ੍ਰੀਤ ਕੌਰ ਬੀ.ਐਸ.ਸੀ. ਨਾਨ ਮੈਡੀਕਲ ਨੇ ਸੱਤਵਾਂ ਸਥਾਨ ਹਾਸਲ ਕੀਤਾ। ਕਾਲਜ ਪ੍ਰਿੰਸੀਪਲ ਸੁਰਮੁੱਖ ਸਿੰਘ ਅਤੇ ਬਾਇਓਟੈਕਨਾਲੋਜੀ ਵਿਭਾਗ ਦੇ ਮੁਖੀ ਪ੍ਰੋ. ਮਮਤਾ ਅਰੋੜਾ ਨੇ ਇਹ ਸੂਚਨਾ ਦਿੰਦਿਆਂ ਕਿਹਾ ਕਿ ਇਹ ਕਾਲਜ ਲਈ ਬਹੁਤ ਵੱਡੀ ਪ੍ਰਾਪਤੀ ਹੈ ਇੱਥੇ ਇਹ ਵਰਨਣਯੋਗ ਹੈ ਕਿ ਬਾਇਓਟੈਕਨਾਲੋਜੀ ਵਿਭਾਗ ਵਿਚ ਪਿਛਲੇ ਲਗਾਤਾਰ ਕਈ ਸਾਲਾਂ ਤੋਂ ਗੋਲਡ ਮੈਡਲ ਇਸ ਕਾਲਜ ਦੇ ਵਿਦਿਆਰਥੀਆਂ ਦਾ ਆ ਰਿਹਾ ਹੈ। ਅੱਜ ਕਾਲਜ ਪ੍ਰਬੰਧਕ ਕਮੇਟੀ ਦੇ ਸਕੱਤਰ ਦੇਵਿੰਦਰ ਸਿੰਘ ਜਟਾਣਾ ਨੇ ਸਾਰੇ 9 ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਮੁਬਾਰਕਬਾਦ ਦਿੱਤੀ ਉਹਨਾਂ ਸਬੰਧਤ ਅਧਿਆਪਕ ਸਾਹਿਬਾਨ ਨੂੰ ਵੀ ਮੁਬਾਰਕਬਾਦ ਦਿੱਤੀ। ਕਾਲਜ ਪ੍ਰਬੰਧਕ ਕਮੇਟੀ ਦੇ ਮੈਨੇਜਰ ਸੁਖਵਿੰਦਰ ਸਿੰਘ ਵਿਸਕੀ ਅਤੇ ਸੀਨੀ. ਮੀਤ ਪ੍ਰਧਾਨ ਸੰਗਤ ਲੌਂਗੀਆ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਉਹਨਾਂ ਬੀ.ਕਾਮ ਦੇ ਪ੍ਰੋ. ਇਸ਼ੂ ਬਾਲਾ, ਪ੍ਰੋ. ਕਰਮਿੰਦਰ ਕੌਰ, ਪ੍ਰੋ. ਗਗਨਦੀਪ ਕੌਰ, ਬੀ.ਐਸ.ਸੀ. ਨਾਨ ਮੈਡੀਕਲ ਪ੍ਰੋ. ਪਰਮਿੰਦਰ ਕੌਰ, ਡਾ.ਬਲਜੀਤ ਸਿੰਘ ਅਤੇ ਪ੍ਰੋ. ਅਮਨਦੀਪ ਕੌਰ ਨੂੰ ਵੀ ਇਸ ਸ਼ਾਨਦਾਰ ਉਪਲੱਬਧੀ ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਸਮੂਹ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।



ਬੇਲਾ ਕਾਲਜ ਦੇ ਮੈਰਿਟ ਵਿਚ ਆਏ ਵਿਦਿਆਰਥੀ ਸਕੱਤਰ ਦਵਿੰਦਰ ਸਿੰਘ ਜਟਾਣਾ, ਪ੍ਰਿੰ. ਸੁਰਮੁੱਖ ਸਿੰਘ, ਮੈਡਮ ਮਮਤਾ ਅਰੋੜਾ ਅਤੇ ਹੋਰ ਸਟਾਫ਼ ਮੈਂਬਰਾਂ ਨਾਲ। ਤਸਵੀਰ: ਮਨਜੀਤ ਸਿੰਘ ਸੈਣੀ

Scanned with CamScanner